# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 09-09-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ ਅਬੂ ਧਾਬੀ ਦੇ ਵਲੀ ਅਹਿਦ ਸ਼ੇਖ ਖਾਲਿਦ ਬਿਨ ਮੁਹੰਮਦ ਬਿਨ ਜ਼ਾਏਦ ਅਲ ਨਾਹਯਾਨ ਨਾਲ ਵਫਦ ਪੱਧਰੀ ਗੱਲਬਾਤ ਕੀਤੀ - ਮਗਰੋਂ ਪੰਜ ਸਮਝੌਤਿਆਂ 'ਤੇ ਦਸਤਖਤ ਕੀਤੇ ਗਏ।
- ਕੇਂਦਰ ਨੇ, ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ, ਮੌਂਕੀਪੌਕਸ ਦੇ ਸਾਰੇ ਸ਼ੱਕੀ ਮਾਮਲਿਆਂ ਦੀ ਪਛਾਣ ਅਤੇ ਜਾਂਚ ਕਰਨ ਲਈ ਕਿਹਾ।
- ਪੰਜਾਬ ਸਿਵਲ ਮੈਡੀਕਲ ਸਰਵਿਸਿਜ਼ ਐਸੋਸੀਏਸ਼ਨ ਦੇ ਸੱਦੇ 'ਤੇ, ਸੂਬੇ ਦੇ ਸਰਕਾਰੀ ਡਾਕਟਰਾਂ ਨੇ ਆਪਣੀਆਂ ਮੰਗਾਂ ਨੂੰ ਲੈ ਕੇ ਅੱਜ ਤਿੰਨ ਘੰਟੇ ਲਈ ਹੜਤਾਲ ਕੀਤੀ ਏ।
- ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵਿਆਹ ਪੁਰਬ ਸੰਬੰਧੀ, ਇਤਿਹਾਸਿਕ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਤੋਂ ਵਿਸ਼ਾਲ

ਨਗਰ ਕੀਰਤਨ ਸਜਾਇਆ ਗਿਆ-ਕੱਲ ਨੂੰ ਗੁਰਦਾਸਪੁਰ ਜ਼ਿਲ੍ਹੇ ਵਿੱਚ ਸਥਾਨਕ ਛੁੱਟੀ ਦਾ ਐਲਾਨ ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ ਅਬੂ ਧਾਬੀ ਦੇ ਵਲੀ ਅਹਿਦ ਸ਼ੇਖ ਖਾਲਿਦ ਬਿਨ ਮੁਹੰਮਦ ਬਿਨ ਜ਼ਾਏਦ ਅਲ ਨਾਹਯਾਨ ਨਾਲ ਵਫਦ ਪੱਧਰੀ ਗੱਲਬਾਤ ਕੀਤੀ । ਦੋਵਾਂ ਨੇਤਾਵਾਂ ਨੇ ਬਹੁਪੱਖੀ ਭਾਰਤ-ਸੰਯੁਕਤ ਅਰਬ ਅਮੀਰਾਤ ਸਬੰਧਾਂ ਅਤੇ ਨਵੇਂ ਉੱਭਰ ਰਹੇ ਖੇਤਰਾਂ ਵਿੱਚ ਵਿਆਪਕ ਰਣਨੀਤਕ ਭਾਈਵਾਲੀ ਨੂੰ ਵਧਾਉਣ ਦੇ ਤਰੀਕਿਆਂ ਬਾਰੇ ਚਰਚਾ ਕੀਤੀ । ਗੱਲਬਾਤ ਤੋਂ ਬਾਅਦ ਪੰਜ ਸਮਝੌਤਿਆਂ 'ਤੇ ਦਸਤਖਤ ਕੀਤੇ ਗਏ। ਇਨ੍ਹਾਂ ਵਿੱਚ ਬਾਰਾਕਾ ਪਰਮਾਣੂ ਪਲਾਂਟ ਦੇ ਸੰਚਾਲਨ ਅਤੇ ਦੇਖ-ਰੇਖ ਦੇ ਸਬੰਧ ਵਿੱਚ ਅਮੀਰਾਤ ਨਿਊਕਲੀਅਰ ਐਨਰਜੀ ਕੰਪਨੀ ਅਤੇ ਨਿਊਕਲੀਅਰ ਪਾਵਰ ਕਾਰਪੋਰਸ਼ਨ ਆਫ ਇੰਡੀਆ ਲਿਮਟਡ ਵਿਚਕਾਰ ਇੱਕ ਸਮਝੌਤਾ ਪੱਤਰ 'ਤੇ ਦਸਤਖਤ ਸ਼ਾਮਲ ਨੇ। ਅਬੂ ਧਾਬੀ ਨੈਸ਼ਨਲ ਆਇਲ ਕੰਪਨੀ ਅਤੇ ਇੰਡੀਅਨ OIL ਕਾਰਪੋਰੇਸ਼ਨ ਲਿਮਟਿਡ ਵਿਚਕਾਰ ਲੰਮੇ ਸਮੇਂ ਲਈ

ਕੁਦਰਤੀ ਗੈਸ ਦੀ ਸਪਲਾਈ ਲਈ, ਵੀ ਇਕ ਸਮਝੌਤੇ 'ਤੇ ਦਸਤਖਤ ਕੀਤੇ ਗਏ । ਵਲੀ ਅਹਿਦ ਨੇ ਰਾਜਘਾਟ ਦਾ ਦੌਰਾ ਕਰਕੇ, ਮਹਾਤਮਾ ਗਾਂਧੀ ਨੂੰ ਸ਼ਰਧਾਂਜਲੀ ਵੀ ਭੇਟ ਕੀਤੀ। ਉਹ ਭਲਕੇ ਮੁੰਬਈ ਵਿੱਚ ਇੱਕ ਵਪਾਰਕ ਫੋਰਮ ਵਿੱਚ ਹਿੱਸਾ ਲੈਣਗੇ।

---------------------------------------------------------------

ਕੇਂਦਰ ਨੇ ਦੇਸ਼ ਦੇ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ, ਮੌਂਕੀਪੌਕਸ ਦੇ ਸਾਰੇ ਸ਼ੱਕੀ ਮਾਮਲਿਆਂ ਦੀ ਪਛਾਣ ਅਤੇ ਜਾਂਚ ਕਰਨ ਲਈ ਕਿਹਾ ਏ। ਕੇਂਦਰੀ ਸਿਹਤ ਸਕੱਤਰ ਅਪੂਰਵ ਚੰਦਰਾ ਨੇ ਮੌਂਕੀਪੌਕਸ ਨੂੰ ਵਿਸ਼ਵ ਸਿਹਤ ਸੰਗਠਨ ਦੀ ਅੰਤਰ-ਰਾਸ਼ਟਰੀ ਜਨਤਕ ਸਿਹਤ ਐਮਰਜੈਂਸੀ ਐਲਾਨਿਆ ਏ । ਆਪਣੀ ਸਲਾਹ ਵਿੱਚ, ਮੰਤਰਾਲੇ ਨੇ ਮੌਂਕੀਪੌਕਸ ਬਾਰੇ ਜਾਗਰੂਕਤਾ ਵਧਾਉਣ ਅਤੇ ਲੋਕਾਂ ਵਿੱਚ ਡਰ ਫੈਲਣ ਤੋਂ ਰੋਕਣ ਲਈ ਰੋਕਥਾਮ ਦੇ ਉਪਾਅ ਅਪਣਾਉਣ 'ਤੇ ਜ਼ੋਰ ਦਿੱਤਾ ਏ । ਮੰਤਰਾਲੇ ਨੇ ਸੀਨੀਅਰ ਅਧਿਕਾਰੀਆਂ ਨੂੰ ਸੂਬਿਆਂ ਅਤੇ ਜ਼ਿਲ੍ਹਾ ਪੱਧਰ 'ਤੇ ਸਿਹਤ ਸਹੂਲਤਾਂ, ਖਾਸ ਕਰਕੇ ਜਨਤਕ ਸਿਹਤ, ਦੀਆਂ ਤਿਆਰੀਆਂ ਦੀ ਸਮੀਖਿਆ ਕਰਨ ਦੀ ਸਲਾਹ ਦਿੱਤੀ ਏ। ਸੂਬਿਆਂ ਨੂੰ ਇਹ ਵੀ ਕਿਹਾ

ਗਿਆ ਏ ਕਿ ਉਹ ਹਸਪਤਾਲਾਂ ਵਿੱਚ ਆਈਸੋਲੇਸ਼ਨ ਸਹੂਲਤਾਂ ਦੀ ਉਪਲਬਧਤਾ ਅਤੇ ਸ਼ੱਕੀ ਅਤੇ ਪੁਸ਼ਟੀ ਕੀਤੇ ਮਾਮਲਿਆਂ ਨਾਲ ਨਜਿੱਠਣ ਲਈ ਜ਼ਰੂਰੀ ਲੌਜਿਸਟਿਕਸ ਅਤੇ ਸਿਖਲਾਈ ਪ੍ਰਾਪਤ ਮਨੁੱਖੀ ਸਰੋਤਾਂ ਦੀ ਪਛਾਣ ਕਰਨ । ਸ੍ਰੀ ਚੰਦਰਾ ਨੇ ਕਿਹਾ ਕਿ ਕੇਂਦਰੀ ਸਿਹਤ ਮੰਤਰਾਲਾ, ਸਥਿਤੀ ਦੀ ਨਿਗਰਾਨੀ ਕਰਨਾ ਜਾਰੀ ਰੱਖੇਗਾ ਅਤੇ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕਰੇਗਾ।

--------------------------------------------------

ਭਾਰਤੀ ਜਨਤਾ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਅਤੇ ਸਾਬਕਾ ਵਿਧਾਇਕ ਅਰਵਿੰਦ ਖੰਨਾ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਮਾੜੇ ਪ੍ਰਬੰਧਾਂ ਕਾਰਨ ਸੂਬੇ ਦੇ ਖਜ਼ਾਨੇ ਨੂੰ ਖੋਰਾ ਲਾਇਆ ਏ । ਅੱਜ ਚੰਡੀਗੜ੍ਹ ਜਾਰੀ ਇੱਕ ਬਿਆਨ ਵਿੱਚ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ, ਸੂਬਾ ਸਰਕਾਰ ਦੇ ਚਾਰਟਰਡ ਜਹਾਜਾਂ ਤੇ ਹੋਰ ਸੂਬਿਆਂ ਵਿੱਚ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਚੋਣ ਪ੍ਰਚਾਰ ਲਈ ਚੱਕਰ ਲਾਉਣ ਦੇ ਕਾਰਨ ਹੀ ਪੰਜਾਬ ਦਾ ਖਜ਼ਾਨਾ ਬਰਬਾਦ ਹੋਇਆ ਏ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ

ਵੱਲੋਂ ਕੇਂਦਰ ਸਰਕਾਰ ਨੂੰ ਸੂਬੇ ਲਈ ਕਰਜ਼ ਦੀ ਸਮਰੱਥਾ ਵਧਾਉਣ ਲਈ ਲਿਖਿਆ ਪੱਤਰ, ਪੰਜਾਬ ਦਾ ਦੇਸ਼ ਭਰ ਵਿੱਚ ਅਕਸ ਖਰਾਬ ਕਰਨ ਵਾਲਾ ਏ। ਉਨ੍ਹਾਂ ਕਿਹਾ ਕਿ ਸਰਕਾਰ ਦਾ ਇਹ ਫੈਸਲਾ ਲੋਕਾਂ ਨੂੰ ਗੁੰਮਰਾਹ ਕਰਨ ਵਾਲਾ ਏ। ਅਰਵਿੰਦ ਖੰਨਾ ਨੇ ਕਿਹਾ ਕਿ ਸਰਕਾਰ ਨੇ ਅਸਲੀਅਤ ਵਿੱਚ ਕੋਈ ਕੰਮ ਨਹੀਂ ਕੀਤਾ, ਜਦਕਿ ਝੂਠੀ ਮੀਡਿਆ ਪ੍ਰਚਾਰ ਤੇ ਵੱਡਾ ਖਰਚ ਕੀਤਾ ਜਾ ਰਿਹਾ ਏ।

---------------------------------------------------------------

ਪੰਜਾਬ ਅਤੇ ਹਰਿਆਣਾ ਹਾਈਕੋਰਟ, ਚੰਡੀਗੜ੍ਹ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਦਿਸ਼ਾ-ਨਿਰਦੇਸ਼ਾਂ ਮੁਤਾਬਿਕ ਫਾਜ਼ਿਲਕਾ ਦੇ ਜ਼ਿਲ੍ਹਾ ਅਤੇ ਸੈਸ਼ਨ ਜੱਜ ਜਤਿੰਦਰ ਕੌਰ ਦੀ ਰਹਿਨੁਮਾਈ ਹੇਠ ਬੂਟੇ ਲਾਉਣ ਬਾਰੇ ਮੁਹਿੰਮ ਏਕ ਪੇੜ ਮਾਂ ਕੇ ਨਾਮ ਮੁਹਿਮ ਦੇ ਤਹਿਤ ਫਾਜਿਲਕਾ ਦੇ ਨਿਆਂਇਕ ਅਫਸਰਾਂ ਵੱਲੋ ਨਿਆਂਇਕ ਕੋਰਟ ਕੰਪਲੈਕਸ ਦੇ ਬਾਹਰ ਤੇ ਬੂਟੇ ਲਗਾਏ ਗਏ। ਜਤਿੰਦਰ ਕੌਰ ਨੇ ਦਸਿਆ ਕਿ ਏਕ ਪੇੜ ਮਾਂ ਕੇ ਨਾਮ ਮੁਹਿਮ ਦੇ ਤਹਿਤ ਫਾਜਿਲਕਾ, ਅਬੋਹਰ ਅਤੇ ਜਲਾਲਾਬਾਦ ਦੇ ਨਿਆਂਇਕ ਅਫਸਰਾਂ ਅਤੇ ਸਟਾਫ ਵੱਲੋ ਵੱਖ-ਵੱਖ ਥਾਵਾਂ ਤੇ ਬੂਟੇ ਲਗਾਏ

ਜਾ ਰਹੇ ਨੇ , ਜਿਸ ਦਾ ਉਦੇਸ਼ ਵਾਤਾਵਰਨ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨਾ ਅਤੇ ਜਿਲ੍ਹਾ ਫ਼ਾਜ਼ਿਲਕਾ ਵਿਚ ਵੱਧ ਤੋਂ ਵੱਧ ਬੂਟੇ ਲਾਉਣਾ ਏ ।

---------------------------------------------------

ਪੰਜਾਬ ਦੇ ਸਰਕਾਰੀ ਡਾਕਟਰਾਂ ਦੀਆਂ ਮੰਗਾਂ ਪੂਰੀਆਂ ਨਾ ਹੋਣ ਕਾਰਨ, ਡਾਕਟਰਾਂ ਦੀ ਜਥੇਬੰਦੀ, ਪੰਜਾਬ ਸਿਵਲ ਮੈਡੀਕਲ ਸਰਵਿਸਿਜ਼ ਐਸੋਸੀਏਸ਼ਨ ਦੇ ਸੱਦੇ 'ਤੇ ਸੂਬੇ ’ਚ ਡਾਕਟਰਾਂ ਨੇ ਆਪਣੀਆਂ ਮੰਗਾਂ ਨੂੰ ਲੈ ਕੇ ਅੱਜ ਤਿੰਨ ਘੰਟੇ ਲਈ ਹੜਤਾਲ ਕੀਤੀ ਏ, ਜਿਸ ਕਾਰਨ ਸਿਵਲ ਹਸਪਤਾਲ ਕਪੂਰਥਲਾ ਵਿਚ ਇਲਾਜ ਕਰਵਾਉਣ ਆਏ ਮਰੀਜਾਂ ਨੂੰ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਏ । ਇਸ ਸੰਬੰਧੀ ਜ਼ਿਲ੍ਹਾ ਪ੍ਰੈਸ ਸਕੱਤਰ ਡਾ. ਅਮਨਜੋਤ ਕੌਰ ਨੇ ਦੱਸਿਆ ਕਿ ਪਿਛਲੇ ਲੰਬੇ ਸਮੇਂ ਤੋਂ ਡਾਕਟਰਾਂ ਦੀਆਂ ਮੰਗਾਂ ਸੰਬੰਧੀ ਸਰਕਾਰ ਵਲੋਂ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ ਜਿਸ ਕਾਰਨ ਅੱਜ ਪੰਜਾਬ ਵਿਚ ਡਾਕਟਰਾਂ ਵੱਲੋਂ ਸਵੇਰੇ 8 ਤੋਂ ਲੈ ਕੇ 11 ਵਜੇ ਤੱਕ ਹੜਤਾਲ ਕੀਤੀ ਗਈ ।

---------------------------------------------------

ਓਧਰ ਫਤਿਹਗੜ੍ਹ ਸਾਹਿਬ ਦੇ ਸਿਵਲ ਹਸਪਤਾਲ ਵਿਖੇ ਵੀ ਡਾਕਟਰਾਂ

ਵੱਲੋਂ ਅੱਜ ਤੋਂ ਲੈ ਕੇ 11 ਸਤੰਬਰ ਤੱਕ ਸਵੇਰੇ 8 ਵਜੇ ਤੋਂ ਲੈ ਕੇ 11 ਵਜੇ ਤੱਕ, ਓ.ਪੀ.ਡੀ ਸੇਵਾਵਾਂ ਬੰਦ ਕਰਕੇ ਹੜਤਾਲ ਕੀਤੀ ਗਈ । PCMS ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਡਾ. ਕੰਵਰਪਾਲ ਸਿੰਘ ਨੇ ਦੱਸਿਆ ਕਿ ਏ.ਸੀ.ਪੀ ਨੂੰ ਬਹਾਲ ਕਰਨ ਅਤੇ ਸੁਰੱਖਿਆ ਪ੍ਰਬੰਧਾਂ 'ਤੇ ਕੁੱਝ ਨਾ ਕੀਤੇ ਜਾਣ ਤੇ ਡਾਕਟਰ ਐਸੋਸੀਏਸ਼ਨ ਵਿੱਚ ਨਾਰਾਜ਼ਗੀ ਪਾਈ ਜਾ ਰਹੀ ਏ। ਉਨਾਂ ਸਪੱਸ਼ਟ ਕੀਤਾ ਏ ਕਿ ਏਸੀਪੀ ਨੂੰ ਬਹਾਲ ਕਰਨ ਦੀ ਮੰਗ ਨਾਲ ਸਮਝੌਤਾ ਨਹੀਂ ਕੀਤਾ ਜਾ ਸਕਦਾ, ਅਤੇ ਜਦੋਂ ਤੱਕ ਮੰਗਾਂ, ਖਾਸ ਤੌਰ 'ਤੇ ACPS ਦੀਆਂ ਮੰਗਾਂ ਨੂੰ ਪੂਰਾ ਨਹੀਂ ਕੀਤਾ ਜਾਂਦਾ ਤਾਂ ਉਹਨਾਂ ਦਾ ਕੇਡਰ ਅਣਮਿੱਥੇ ਸਮੇਂ ਲਈ ਸੇਵਾਵਾਂ ਨੂੰ ਮੁਅੱਤਲ ਕਰਨ ਤੇ ਕਾਇਮ ਰਹੇਗਾ। ਉਨ੍ਹਾਂ ਲੋਕ ਹਿੱਤ ਨੂੰ ਮੁੱਖ ਰੱਖਦੇ ਹੋਏ ਸਰਕਾਰ ਨੂੰ ਇਹਨਾਂ ਵੱਲ ਤੁਰੰਤ ਧਿਆਨ ਦੇਣ ਦੀ ਮੰਗ ਕੀਤੀ।

---------------------------------------------------------

ਓਧਰ ਬਰਨਾਲਾ ਅਤੇ ਤਰਨਤਾਰਨ ਸਿਵਲ ਹਸਪਤਾਲ ਵਿਚ ਵੀ ਅਜ ਸਵੇਰੇ 8 ਵਜੇ ਤੋ ਲੈ ਕੇ 11ਵਜੇ ਤਕ ਹਸਪਤਾਲ ਦੇ ਸਰਕਾਰੀ ਡਾਕਟਰਾ ਵੱਲੋ ਮੰਗਾਂ ਨੂੰ ਲੈਕੇ ਪੰਜਾਬ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ ਅਤੇ

ਨਾਅਰੇਬਾਜੀ ਕੀਤੀ ਗਈ, ਜਿਸ ਕਾਰਨ ਸਿਵਲ ਹਸਪਤਾਲ ਅੰਦਰ ਮਰੀਜਾਂ ਦੀਆਂ ਲੰਮੀਆ ਲੰਮੀਆ ਕਤਾਰਾਂ ਲਗੀਆ ਰਹੀਆਂ । ਲੋਕਾਂ ਨੂੰ ਕਾਫੀ ਖਾਜ ਖੁਆਰੀ ਦਾ ਸਾਹਮਣਾ ਵੀ ਕਰਨਾ ਪਿਆ । ਸਰਕਾਰੀ ਡਾਕਟਰਾਂ ਦੇ ਆਗੂ ਨੇ ਦੱਸਿਆ ਕਿ ਹਸਪਤਾਲ ਵਿੱਚ ਸੁਰੱਖਿਆ ਦਾ ਪੁਖਤਾ ਪ੍ਰਬੰਧ ਅਤੇ ਡਾਕਟਰਾ ਦੀਆ ਹੱਕੀ ਮੰਗਾਂ ਪ੍ਰਵਾਨ ਕੀਤੇ ਜਾਣ ਨੂੰ ਲੈਕੇ ਇਹ ਹੜਤਾਲ ਕਲ ਤਕ ਜਾਰੀ ਰਹੇਗੀ । ਤਰਨਤਾਰਨ ਸਿਵਲ ਹਸਪਤਾਲ ਦੇ ਐਸ ਐਮ ਓ ਸਰਬਜੀਤ ਸਿੰਘ ਨੇ ਦਸਿਆ ਤਿੰਨ ਦਿਨਾ ਤਕ ਲਗਤਾਰ ਸਵੇਰੇ 8,ਵਜੇ ਤੋ ਲੈ ਕੇ 11 ਵਜੇ ਤਕ ਹੜਤਾਲ ਕਰਨ ਦਾ ਸੂਬਾ ਪੱਧਰੀ ਐਲਾਨ ਹੋਣ ਕਰਕੇ ਸਿਰਫ ਐਮਰਜੈਂਸੀ ਨੂੰ ਛੱਡ ਕੇ ਬਾਕੀ ਸਾਰੇ ਸਰਕਾਰੀ ਹਸਪਤਾਲ ਦੇ ਡਾਕਟਰ ਹੜਤਾਲ ਕਰਕੇ ਬੈਠੇ ਨੇ ਪਾਰ ਇਸਦੇ ਬਾਵਜੂਦ ਕਿਸੇ ਵੀ ਮਰੀਜ ਨੂੰ ਕਿਸੇ ਵੀ ਤਰਾ ਮੁਸਕਲ ਨਹੀ ਆਉਣ ਦਿੱਤੀ ਗਈ ।

---------------------------------------------------------

ਮੋਹਾਲ਼ੀ ਸੀ.ਆਈ.ਏ. ਸਟਾਫ ਨੇ ਦੋ ਜਣਿਆ ਨੂੰ, ਇਕ ਪਿਸਤੌਲ ਅਤੇ 2 ਅਣਚਲੇ ਰੌਂਦ ਸਮੇਤ ਗ੍ਰਿਫਤਾਰ ਕੀਤਾ ਏ। ਜ਼ਿਲ੍ਹਾ ਐਸ.ਏ.ਐਸ.

ਨਗਰ ਦੇ ਸੀਨੀਅਰ ਕਪਤਾਨ ਪੁਲਿਸ ਦੀਪਕ ਪਾਰਿਕ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਮੋਹਾਲੀ ਪੁਲਿਸ ਵੱਲੋਂ ਮਾੜੇ ਅਨਸਰਾਂ ਵਿਰੁੱਧ ਚਲਾਈ ਮੁਹਿਮ ਦੌਰਾਨ ਕਪਤਾਨ ਪੁਲਿਸ ਜਾਂਚ ਡਾ. ਜੋਤੀ ਯਾਦਵ ਦੀ ਨਿਗਰਾਨੀ ਹੇਠ ਸੀ.ਆਈ.ਏ. ਸਟਾਫ ਮੋਹਾਲੀ ਕੈਂਪ ਐਂਟ ਖਰੜ ਦੀ ਟੀਮ ਵੱਲੋਂ 2 ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਪਾਸੋਂ 32 ਬੋਰ ਦਾ ਇਕ ਪਿਸਤੌਲ 2 ਜਿੰਦਾਂ ਰੌਂਦ ਅਤੇ ਇੱਕ ਕਾਰ ਬ੍ਰਾਮਦ ਕੀਤੀ ਏ । ਕਾਬੂ ਕੀਤੇ ਮੁਲਜ਼ਮ ਦੀ ਪਛਾਣ ਪਿੰਡ ਮਹਿਲ ਖੁਰਦ ਜਿਲਾ ਬਰਨਾਲਾ ਮੁਲਜ਼ਿਮ ਏਵਨਪ੍ਰੀਤ ਸਿੰਘ ਵਜੋਂ ਹੋਈ ਏ। ਸੀ.ਆਈ.ਏ. ਸਟਾਫ ਦੀ ਪੁਲਿਸ ਪਾਰਟੀ ਏਅਰਪੋਰਟ ਚੌਂਕ ਨੇੜੇ ਮੌਜੂਦ ਸੀ, ਜਿੱਥੇ ਇਕ ਸੂਹ ਦੇ ਅਧਾਰ ਤੇ ਇਹ ਕਾਰਵਾਈ ਕੀਤੀ ਗਈ । ਦੋਸ਼ੀਆਂ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਏ । ਦੋਸ਼ੀ ਪੁਲਿਸ ਰਿਮਾਂਡ ਅਧੀਨ ਨੇ , ਜਿਨਾਂ ਪਾਸੋਂ ਪੁੱਛਗਿੱਛ ਕੀਤੀ ਜਾ ਰਹੀ ਏ ਕਿ ਉਹ ਇਹ ਹਥਿਆਰ ਕਿਸ ਪਾਸੋਂ ਅਤੇ ਕਿਸ ਮਕਸਦ ਲਈ ਲੈ ਕੇ ਆਏ ਸਨ ।

---------------------------------------------------------

ਸੁਲਤਾਨਪੁਰ ਲੋਧੀ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵਿਆਹ ਪੁਰਬ

ਸੰਬੰਧੀ ਅੱਜ ਇਤਿਹਾਸਿਕ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਤੋਂ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਤੇ ਪੰਜ ਪਿਆਰਿਆਂ ਦੀ ਅਗਵਾਈ ਤੇ ਖ਼ਾਲਸਾਈ ਜੈਕਾਰਿਆਂ ਦੀ ਗੂੰਜ ਵਿਚ ਸਵੇਰੇ ਕਰੀਬ ਸਾਢੇ 7 ਵਜੇ ਗੁਰਦੁਆਰਾ ਕੰਧ ਸਾਹਿਬ ਬਟਾਲਾ ਲਈ ਰਵਾਨਾ ਹੋਇਆ। ਇਸ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਚ ਗੁਰਦੁਆਰਾ ਸਾਹਿਬ ਦੇ ਹੈਡ ਗ੍ਰੰਥੀ ਭਾਈ ਸਤਨਾਮ ਸਿੰਘ ਨੇ ਨਗਰ ਕੀਰਤਨ ਦੀ ਆਰੰਭਤਾ ਦੀ ਅਰਦਾਸ ਕੀਤੀ। ਬਾਅਦ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜਥੇਦਾਰ ਜਰਨੈਲ ਸਿੰਘ ਡੋਗਰਾਵਾਲਾ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ, ਖ਼ੂਬਸੂਰਤ ਫੁੱਲਾਂ ਨਾਲ ਸਜਾਈ ਗਈ ਪਾਲਕੀ ਵਿਚ ਸੁਸ਼ੋਭਿਤ ਕੀਤੇ। ਨਗਰ ਕੀਰਤਨ ਦੇ ਰੋਟਰੀ ਚੌਂਕ ਪੁੱਜਣ 'ਤੇ ਪੰਜਾਬ ਪੁਲਿਸ ਦੀ ਟੁਕੜੀ ਨੇ ਸ਼ਾਨਦਾਰ ਸਵਾਗਤ ਕੀਤਾ। ਇਸ ਤੋਂ ਇਲਾਵਾ ਸੰਗਤਾਂ ਤੇ ਸ਼ਹਿਰ ਦੀਆਂ ਹੋਰ ਸੰਸਥਾਵਾਂ ਨੇ ਨਗਰ ਕੀਰਤਨ ਦਾ ਨਿੱਘਾ ਸਵਾਗਤ ਕੀਤਾ।

---------------------------------------------------------------

ਗੁਰਦਾਸਪੁਰ ਦੇ ਡਿਪਟੀ ਕਮਿਸ਼ਨਰ ਉਮਾ ਸ਼ੰਕਰ ਗੁਪਤਾ ਨੇ ਸਮੂਹ ਸੰਗਤਾਂ ਨੂੰ, ਸ੍ਰੀ ਗੁਰੂ ਨਾਨਕ ਦੇਵ ਜੀ ਤੇ ਮਾਤਾ ਸੁਲੱਖਣੀ ਜੀ ਦੇ ਵਿਆਹ ਪੁਰਬ ਦੀ ਵਧਾਈ ਦਿੱਤੀ ਏ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਬਟਾਲਾ ਸ਼ਹਿਰ ਵਿਖੇ ਮਾਤਾ ਸੁਲੱਖਣੀ ਜੀ ਨਾਲ ਪਾਵਨ ਅਸਥਾਨ ਗੁਰਦੁਆਰਾ ਸ੍ਰੀ ਡੇਹਰਾ ਸਾਹਿਬ ਦੇ ਅਸਥਾਨ ਵਿਖੇ ਵਿਆਹ ਹੋਇਆ ਸੀ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੇ ਪਾਵਨ ਚਰਨ ਪੈਣ ਨਾਲ, ਬਟਾਲਾ ਧਰਤੀ ਪੂਜਣਯੋਗ ਬਣ ਗਈ ਅਤੇ ਅੱਜ ਦੁਨੀਆਂ ਭਰ ਦੇ ਲੋਕ, ਬਟਾਲਾ ਸ਼ਹਿਰ ਵਿਖੇ ਗੁਰੂ ਸਾਹਿਬ ਦੇ ਵਿਆਹ ਅਸਥਾਨ ਵਿਖੇ ਨਤਮਸਤਕ ਹੋ ਕੇ ਆਸ਼ੀਰਵਾਦ ਪ੍ਰਾਪਤ ਕਰਦੇ ਨੇ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਵਿਆਹ ਪੁਰਬ ਮੌਕੇ ਸੰਗਤਾਂ ਦੀ ਸਹੂਲਤ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵਿਸ਼ੇਸ਼ ਪ੍ਰਬੰਧ ਕੀਤੇ ਗਏ ਨੇ। ਸਮੁੱਚੇ ਬਟਾਲਾ ਸ਼ਹਿਰ ਨੂੰ ਸ਼ਾਨਾਰ ਢੰਗ ਨਾਲ ਸਜਾਇਆ ਗਿਆ ਤੇ ਸੰਗਤਾਂ ਨੂੰ ਕੋਈ ਪਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ। ਉਨਾਂ ਸੰਗਤਾਂ ਨੂੰ ਵਿਆਹ

ਪੁਰਬ ਸਮਾਗਮ ਦੌਰਾਨ ਪ੍ਰਸ਼ਾਸਨ ਨਾਲ ਪੂਰਨ ਸਹਿਯੋਗ ਕਰਨ ਦੀ ਅਪੀਲ ਕੀਤੀ।

-----------------------------------------------------------------

ਪੰਜਾਬ ਸਰਕਾਰ ਨੇ "ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵਿਆਹ ਪੁਰਬ ਦੇ ਦਿਹਾੜੇ’’ ਮੌਕੇ ਕੱਲ ਨੂੰ ਗੁਰਦਾਸਪੁਰ ਜ਼ਿਲ੍ਹੇ ਵਿੱਚ ਸਥਾਨਕ ਛੁੱਟੀ ਦਾ ਐਲਾਨ ਕੀਤਾ ਏ । ਸੂਬਾ ਸਰਕਾਰ ਦੇ ਬੁਲਾਰੇ ਨੇ ਦੱਸਿਆ ਕਿ ਗੁਰਦਾਸਪੁਰ ਜ਼ਿਲ੍ਹੇ ਵਿੱਚ ਪੰਜਾਬ ਸਰਕਾਰ ਦੇ ਸਾਰੇ ਦਫ਼ਤਰ, ਬੋਰਡ, ਕਾਰਪੋਰੇਸ਼ਨਾਂ ਅਤੇ ਸਰਕਾਰੀ ਵਿਦਿਅਕ ਅਦਾਰੇ ਕੱਲ ਨੂੰ ਬੰਦ ਰਹਿਣਗੇ । ਇਸ ਸਬੰਧੀ ਅਮਲਾ ਵਿਭਾਗ ਵੱਲੋਂ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਏ।

-----------------------------------------------------------------

ਪੰਜਾਬ ਸਰਕਾਰ ਲੋੜਵੰਦ ਬੱਚਿਆਂ ਦੀ ਭਲਾਈ ਲਈ ਵਚਨਬੱਧ ਏ, ਜਿਸ ਤਹਿਤ ਬਾਲ ਭਲਾਈ ਯੋਜਨਾਵਾਂ ਰਾਹੀਂ ਲੋੜਵੰਦ ਬੱਚਿਆਂ ਨੂੰ ਲਾਭ ਦਿੱਤਾ ਜਾ ਰਿਹਾ ਏ । ਮਾਨਸਾ ਦੇ ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਨੇ ਇਹ ਗੱਲ, ਬੱਚਤ ਭਵਨ ਵਿਖੇ, ਲੋੜਵੰਦ ਬੱਚਿਆਂ ਨੂੰ

ਸਪੋਂਸਰਸ਼ਿਪ ਸਕੀਮ ਅਧੀਨ ਸਹਾਇਤਾ ਰਾਸ਼ੀ ਦੇ ਚੈੱਕ ਸੌਂਪਣ ਮੌਕੇ ਕੀਤਾ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਸ ਯੋਜਨਾ ਤਹਿਤ ਲੋੜਵੰਦ ਬੱਚਿਆਂ ਨੂੰ ਚਾਰ ਹਜ਼ਾਰ ਰੁਪਏ ਪ੍ਰਤੀ ਮਹੀਨਾ ਦਿੱਤੇ ਜਾਂਦੇ ਨੇ। ਉਨ੍ਹਾਂ ਦੱਸਆ ਕਿ ਜਿੰਨ੍ਹਾਂ ਪਰਿਵਾਰਾਂ ਦੀ ਆਰਥਿਕ ਹਾਲਤ ਕਮਜੋਰ ਏ ਤੇ ਜਿੰਨ੍ਹਾਂ ਦੇ ਪਿਤਾ ਦੀ ਮੌਤ ਹੋ ਚੁੱਕੀ ਏ ਅਤੇ ਘਰ ਕੋਈ ਆਮਦਨ ਦਾ ਸਾਧਨ ਨਹੀਂ ਏ , ਉਨ੍ਹਾਂ ਬੱਚਿਆਂ ਨੂੰ ਇਸ ਯੋਜਨਾ ਦਾ ਲਾਭ ਦਿੱਤਾ ਜਾਂਦਾ ਏ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਬਾਲ ਸੁਰੱਖਿਆ ਦਫ਼ਤਰ ਲੋੜਵੰਦ ਬੱਚਿਆਂ ਦੀ ਭਲਾਈ ਲਈ ਹਮੇਸ਼ਾ ਮੋਹਰੀ ਭੂਮਿਕਾ ਅਦਾ ਕਰਦਾ ਏ। ਜੇਕਰ ਕਿਸੇ ਬੱਚੇ ਨੂੰ ਕੋਈ ਸਮੱਸਿਆ ਆਉਂਦੀ ਏ ਤਾਂ ਉਸ ਸਬੰਧੀ ਜ਼ਿਲ੍ਹਾ ਬਾਲ ਸੁਰੱਖਿਆ ਦਫ਼ਤਰ ਵਿਖੇ ਸੰਪਰਕ ਕੀਤਾ ਜਾ ਸਕਦਾ ਏ। ਜਿਲ੍ਹਾ ਬਾਲ ਸੁਰੱਖਿਆ ਅਫ਼ਸਰ ਨਤੀਸ਼ਾ ਅੱਤਰੀ ਨੇ ਬਾਲ ਵਿਕਾਸ ਵਿਭਾਗ ਵੱਲੋ ਚਲਾਈਆਂ ਜਾ ਰਹੀਆਂ ਵੱਖ ਵੱਖ ਸਕੀਮਾਂ ਬਾਰੇ ਦੱਸਿਆ ਕਿ ਸਪੋਂਸਰਸ਼ਿਪ ਸਕੀਮ ਅਧੀਨ ਲੋੜਵੰਦ ਬੱਚਿਆ ਨੂੰ ਵੱਧ ਤੋਂ ਵੱਧ ਜੋੜਿਆ ਜਾ ਰਿਹਾ ਏ ਤਾਂ ਜੋ ਯੋਗ ਤੇ ਲੋੜਵੰਦ ਬੱਚਿਆਂ ਦੀ ਮਦਦ ਕੀਤੀ

ਜਾ ਸਕੇ ਅਤੇ ਕੋਈ ਵੀ ਯੋਗ ਬੱਚਾ ਸਹੂਲਤ ਲੈਣ ਤੋਂ ਵਾਂਝਾ ਨਾ ਰਹਿ ਸਕੇ।

---------------------------------------------------------------

## ਆਖਿਰ ਵਿਚ ਖ਼ਾਸ ਖਬਰਾਂ ਇਕ ਵਾਰ ਫਿਰ ਤੋਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ ਅਬੂ ਧਾਬੀ ਦੇ ਵਲੀ ਅਹਿਦ ਸ਼ੇਖ ਖਾਲਿਦ ਬਿਨ ਮੁਹੰਮਦ ਬਿਨ ਜ਼ਾਏਦ ਅਲ ਨਾਹਯਾਨ ਨਾਲ ਵਫਦ ਪੱਧਰੀ ਗੱਲਬਾਤ ਕੀਤੀ - ਮਗਰੋਂ ਪੰਜ ਸਮਝੌਤਿਆਂ 'ਤੇ ਦਸਤਖਤ ਕੀਤੇ ਗਏ।
- ਕੇਂਦਰ ਨੇ, ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ, ਮੌਂਕੀਪੌਕਸ ਦੇ ਸਾਰੇ ਸ਼ੱਕੀ ਮਾਮਲਿਆਂ ਦੀ ਪਛਾਣ ਅਤੇ ਜਾਂਚ ਕਰਨ ਲਈ ਕਿਹਾ।
- ਪੰਜਾਬ ਸਿਵਲ ਮੈਡੀਕਲ ਸਰਵਿਸਿਜ਼ ਐਸੋਸੀਏਸ਼ਨ ਦੇ ਸੱਦੇ 'ਤੇ, ਸੂਬੇ ਦੇ ਸਰਕਾਰੀ ਡਾਕਟਰਾਂ ਨੇ ਆਪਣੀਆਂ ਮੰਗਾਂ ਨੂੰ ਲੈ ਕੇ ਅੱਜ ਤਿੰਨ ਘੰਟੇ ਲਈ ਹੜਤਾਲ ਕੀਤੀ ਏ।

- ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵਿਆਹ ਪੁਰਬ ਸੰਬੰਧੀ, ਇਤਿਹਾਸਿਕ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਤੋਂ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ-ਕੱਲ ਨੂੰ ਗੁਰਦਾਸਪੁਰ ਜ਼ਿਲ੍ਹੇ ਵਿੱਚ ਸਥਾਨਕ ਛੁੱਟੀ ਦਾ ਐਲਾਨ।